SEIU 775 BENEFITS GROUP

progyny

**Progyny ਪਲਾਨ ਦੀ ਝਲਕ**
**ਲਾਗੂ ਹੋਣ ਦੀ ਮਿਤੀ 8/1/2025**

Summary of Benefits and Coverage (ਬੈਨਿਫ਼ਿਟਾਂ ਅਤੇ ਕਵਰੇਜ ਬਾਰੇ ਸੰਖੇਪ ਜਾਣਕਾਰੀ) (SBC) ਦਸਤਾਵੇਜ਼ ਹੈਲਥ ਪਲਾਨ ਦੀ ਚੋਣ ਕਰਨ ਵਿੱਚ ਤੁਹਾਡੀ ਮਦਦ ਕਰੇਗਾ। SBC ਤੁਹਾਨੂੰ ਇਹ ਦੱਸਦਾ ਹੈ ਕਿ ਕਵਰ ਹੋਈਆਂ ਹੈਲਥ ਕੇਅਰ ਸੇਵਾਵਾਂ ਦੀ ਲਾਗਤ ਨੂੰ ਤੁਸੀਂ ਅਤੇ ਪਲਾਨ ਕਿਸ ਤਰੀਕੇ ਨਾਲ ਸਾਂਝਾ ਕਰੋਗੇ। ਇਹ ਸਿਰਫ਼ ਸੰਖੇਪ ਜਾਣਕਾਰੀ ਹੈ। ਆਪਣੀ ਕਵਰੇਜ ਬਾਰੇ ਹੋਰ ਜਾਣਕਾਰੀ ਲਈ, ਕਿਰਪਾ ਕਰਕੇ (833) 233-0517 'ਤੇ ਆਪਣੇ ਨਿਰਧਾਰਤ Progyny Pregnancy and Postpartum ਸੰਭਾਲ ਕੋਚ ਜਾਂ ਆਪਣੇ Progyny ਪੇਸ਼ੈਂਟ ਕੇਅਰ ਐਡਵੋਕੇਟ (PCA) ਨਾਲ ਸੰਪਰਕ ਕਰੋ।

| ਮਹੱਤਵਪੂਰਨ ਸਵਾਲ | ਜਵਾਬ | ਇਹ ਕਿਉਂ ਮਹੱਤਵਪੂਰਨ ਹੈ: |
|---|---|---|
| **ਸਮੁੱਚਾ ਕਟੌਤੀਯੋਗ ਕੀ ਹੁੰਦਾ ਹੈ?** | **ਵਿਅਕਤੀਗਤ $0 / ਪਰਿਵਾਰ $0** | ਤੁਹਾਡੇ Progyny ਪਲਾਨ ਵਿੱਚ ਕੋਈ ਕਟੌਤੀਯੋਗ ਨਹੀਂ ਹੈ। |
| **ਕੀ ਮੇਰੇ ਕੋਲ ਕੋਈ ਸਹਿ-ਭੁਗਤਾਨ ਹੈ?** | ਨਹੀਂ | ਤੁਹਾਡੇ Progyny Pregnancy and Postpartum ਪਲਾਨ ਵਿੱਚ ਕੋਈ ਸਹਿ-ਭੁਗਤਾਨ ਨਹੀਂ ਹੈ। |
| **ਕੀ ਮੇਰੇ ਕੋਲ ਸਹਿ-ਬੀਮਾ ਹੈ?** | ਨਹੀਂ | ਤੁਹਾਡੇ Progyny Pregnancy and Postpartum ਪਲਾਨ ਵਿੱਚ ਕੋਈ ਸਹਿ-ਬੀਮਾ ਨਹੀਂ ਹੈ। |
| **ਕੀ ਤੁਹਾਡੀ ਕਟੌਤੀਯੋਗ ਰਕਮ ਪੂਰੀ ਹੋਣ ਤੋਂ ਪਹਿਲਾਂ ਕੋਈ ਸੇਵਾਵਾਂ ਕਵਰ ਹੁੰਦੀਆਂ ਹਨ?** | ਨਹੀਂ | ਤੁਹਾਨੂੰ ਆਪਣੀਆਂ Progyny Pregnancy and Postpartum ਦੀਆਂ ਸੇਵਾਵਾਂ ਲਈ ਜੇਬ੍ਹ ਤੋਂ ਕੋਈ ਪੈਸਾ ਨਹੀਂ ਦੇਣਾ ਪਵੇਗਾ। ਪਲਾਨ ਦੇ ਤਹਿਤ ਮੁਹੱਈਆ ਕਰਾਈਆਂ ਜਾਣ ਵਾਲੀਆਂ ਸਾਰੀਆਂ ਸੇਵਾਵਾਂ ਇਹਤਿਆਤੀ ਦੇਖਭਾਲ ਸੇਵਾਵਾਂ ਹਨ ਅਤੇ ਇਨ੍ਹਾਂ 'ਤੇ ਲਾਗਤ ਵੰਡ ਨਹੀਂ ਹੁੰਦੀ ਹੈ। |
| **ਕੀ ਖਾਸ ਸੇਵਾਵਾਂ ਲਈ ਹੋਰ ਕਟੌਤੀਆਂ ਹੁੰਦੀਆਂ ਹਨ?** | ਨਹੀਂ | ਤੁਹਾਡੇ Progyny Pregnancy and Postpartum HRA ਪਲਾਨ ਲਈ ਕਿਸੇ ਕਟੌਤੀਯੋਗ ਦੀ ਲੋੜ ਨਹੀਂ ਹੈ। ਪਲਾਨ ਦੇ ਤਹਿਤ ਮੁਹੱਈਆ ਕਰਾਈਆਂ ਜਾਣ ਵਾਲੀਆਂ ਸਾਰੀਆਂ ਸੇਵਾਵਾਂ ਇਹਤਿਆਤੀ ਦੇਖਭਾਲ ਸੇਵਾਵਾਂ ਹਨ ਅਤੇ ਇਨ੍ਹਾਂ 'ਤੇ ਲਾਗਤ ਵੰਡ ਨਹੀਂ ਹੁੰਦੀ ਹੈ। |
| **ਇਸ ਪਲਾਨ ਲਈ ਆਪਣੀ ਜੇਬ੍ਹ ਤੋਂ ਖਰਚ ਦੀ ਸੀਮਾ ਕੀ ਹੈ?** | ਵਿਅਕਤੀਗਤ $0 / ਪਰਿਵਾਰ $0 | ਤੁਹਾਡੇ Progyny ਪਲਾਨ ਵਿੱਚ ਜੇਬ੍ਹ ਤੋਂ ਖਰਚ ਦੀ ਕੋਈ ਸੀਮਾ ਨਹੀਂ ਹੈ। |
| **ਜੇ ਤੁਸੀਂ ਕਿਸੇ ਨੈੱਟਵਰਕ ਪ੍ਰਦਾਤਾ ਦਾ ਇਸਤੇਮਾਲ ਕਰਦੇ ਹੋ ਤਾਂ ਕੀ ਤੁਸੀਂ ਘੱਟ ਭੁਗਤਾਨ ਕਰੋਗੇ?** | ਲਾਗੂ ਨਹੀਂ ਹੁੰਦਾ। | Progyny ਦੇ ਗਰਵਅਵਸਥਾ ਅਤੇ ਜਣੇਪੇ ਤੋਂ ਬਾਅਦ ਸੰਭਾਲ ਕੋਚ ਅਤੇ ਦੇਖਭਾਲ ਪ੍ਰਦਾਤਾ ਸਾਰੇ ਹੀ ਇਸ ਪਲਾਨ ਵਿੱਚ ਸ਼ਾਮਲ ਹਨ। ਗੈਰ-Progyny ਕੋਚਾਂ ਲਈ ਕੋਈ ਬੈਨਿਫ਼ਿਟ ਉਪਲਬਧ ਨਹੀਂ ਹਨ। |

**ਬਾਹਰ ਰੱਖੀਆਂ ਸੇਵਾਵਾਂ ਅਤੇ ਹੋਰ ਕਵਰਡ ਸੇਵਾਵਾਂ:**
ਬਾਹਰ ਰੱਖੀਆਂ ਸੇਵਾਵਾਂ ਵਿੱਚ ਘਰੇਲੂ ਓਵੂਲੇਸ਼ਨ ਅਨੁਮਾਨ ਕਿੱਟਾਂ (ovulation prediction kits), ਨੈੱਟਵਰਕ ਤੋਂ ਬਾਹਰ ਦੇ ਕਿਸੇ ਪ੍ਰਦਾਤਾ ਦੁਆਰਾ ਪ੍ਰਦਾਨ ਕੀਤੀਆਂ ਜਾਂਦੀਆਂ ਸੇਵਾਵਾਂ ਅਤੇ ਸਪਲਾਈ, ਅਤੇ ਅਮੈਰਿਕਨ ਸੋਸਾਇਟੀ ਆਫ਼ ਰੀਪ੍ਰੋਡਕਟਿਵ ਮੈਡੀਸਿਨ (American Society of Reproductive Medicine) ਦੁਆਰਾ ਪ੍ਰਯੋਗਾਤਮਕ ਮੰਨੇ ਜਾਂਦੇ ਇਲਾਜ ਸ਼ਾਮਲ ਹਨ। ਗਰਭ ਅਵਸਥਾ ਕੈਰੀਅਰ (gestational carrier) ਲਈ ਸੇਵਾਵਾਂ ਨਾਲ ਜੁੜੇ ਸਾਰੇ ਖਰਚੇ ਕਵਰ ਨਹੀਂ ਹੁੰਦੇ ਹਨ, ਜਿਹਨਾਂ ਵਿੱਚ ਲੈਬ ਟੈਸਟਾਂ ਲਈ ਫੀਸਾਂ ਸ਼ਾਮਲ ਹਨ ਪਰ ਇਹਨਾਂ ਤੱਕ ਸੀਮਤ ਨਹੀਂ ਹਨ। ਜੇ ਤੁਹਾਡਾ ਡਾਕਟਰ ਉਹਨਾਂ ਸੇਵਾਵਾਂ ਲਈ ਬੇਨਤੀ ਕਰਦਾ ਹੈ ਜੋ ਇਸ ਗਾਈਡ ਵਿੱਚ ਸ਼ਾਮਲ ਨਹੀਂ ਹਨ, ਤਾਂ ਕਿਰਪਾ ਕਰਕੇ ਕਵਰੇਜ ਦੀ ਪੁਸ਼ਟੀ ਕਰਨ ਲਈ ਆਪਣੇ PCA ਤੋਂ ਪਤਾ ਕਰੋ। ਕੁਝ ਸੇਵਾਵਾਂ ਅਜਿਹੀਆਂ ਹਨ ਜੋ Progyny ਦੀ ਕਵਰੇਜ ਤਹਿਤ ਨਹੀਂ ਆਉਂਦੀਆਂ ਹਨ; ਪਰ, ਤੁਹਾਡੇ ਮੈਡੀਕਲ ਪਲਾਨ ਦੇ ਜ਼ਰੀਏ ਪ੍ਰਦਾਨ ਕੀਤੀਆਂ ਜਾਂ ਸਕਦੀਆਂ ਹਨ।

**ਕਵਰੇਜ ਨੂੰ ਜਾਰੀ ਰੱਖਣ ਦੇ ਤੁਹਾਡੇ ਅਧਿਕਾਰ:**
ਜੇ ਤੁਸੀਂ ਆਪਣੀ ਕਵਰੇਜ ਦੇ ਖਤਮ ਹੋਣ ਮਗਰੋਂ ਇਸਨੂੰ ਜਾਰੀ ਰੱਖਣਾ ਚਾਹੁੰਦੇ ਹੋ ਤਾਂ ਅਜਿਹੀਆਂ ਏਜੰਸੀਆਂ ਹੁੰਦੀਆਂ ਹਨ ਜੋ ਮਦਦ ਕਰ ਸਕਦੀਆਂ ਹਨ। ਉਹਨਾਂ ਏਜੰਸੀਆਂ ਲਈ ਸੰਪਰਕ ਜਾਣਕਾਰੀ ਇਹ ਹੈ: Healthcare.gov: www.HealthCare.gov ਜਾਂ ਇੱਥੇ ਕਾਲ ਕਰੋ 1-800-318-2596 ਜਾਂ ਰਾਜ ਦੀ ਹੈਲਥ ਇੰਸ਼ੋਰੈਂਸ ਮਾਰਕਿਟਪਲੇਸ ਜਾਂ SHOP. ਤੁਹਾਡੇ ਲਈ ਕਵਰੇਜ ਦੇ ਹੋਰ ਵਿਕਲਪ ਵੀ ਉਪਲਬਧ ਹੋ ਸਕਦੇ ਹਨ, ਜਿਨ੍ਹਾਂ ਵਿੱਚ ਹੈਲਥ ਇੰਸ਼ੋਰੈਂਸ ਮਾਰਕਿਟਪਲੇਸ ਦੇ ਜ਼ਰੀਏ ਵਿਅਕਤੀਗਤ ਬੀਮਾ ਕਵਰੇਜ ਖਰੀਦਣਾ ਵੀ ਸ਼ਾਮਲ ਹੈ। ਮਾਰਕਿਟਪਲੇਸ ਬਾਰੇ ਵਧੇਰੇ ਜਾਣਕਾਰੀ ਲਈ, www.HealthCare.gov 'ਤੇ ਜਾਓ ਜਾਂ 1-800-318-2596 'ਤੇ ਕਾਲ ਕਰੋ।

**ਤੁਹਾਡੇ ਸ਼ਿਕਾਇਤ ਅਤੇ ਅਪੀਲ ਦੇ ਅਧਿਕਾਰ:**
ਜੇ ਦਾਅਵੇ ਤੋਂ ਇਨਕਾਰ ਹੋ ਜਾਣ ਲਈ ਤੁਹਾਡੀ ਆਪਣੇ ਪਲਾਨ ਪ੍ਰਤੀ ਕੋਈ ਸ਼ਿਕਾਇਤ ਹੈ ਤਾਂ ਅਜਿਹੀਆਂ ਏਜੰਸੀਆਂ ਵੀ ਹਨ ਜੋ ਮਦਦ ਕਰ ਸਕਦੀਆਂ ਹਨ। ਇਸਨੂੰ ਸ਼ਿਕਾਇਤ ਨੂੰ ਸ਼ਿਕਾਇਤ (grievance) ਜਾਂ ਅਪੀਲ ਕਿਹਾ ਜਾਂਦਾ ਹੈ। ਆਪਣੇ ਅਧਿਕਾਰਾਂ ਬਾਰੇ ਵਧੇਰੇ ਜਾਣਕਾਰੀ ਲਈ, ਉਸ ਡਾਕਟਰੀ ਦਾਅਵੇ ਲਈ ਤੁਹਾਨੂੰ ਮਿਲਣ ਵਾਲੇ ਲਾਭਾਂ ਦੀ ਵਿਆਖਿਆ ਦੇਖੋ। ਤੁਹਾਡੇ ਪਲਾਨ ਦੇ ਦਸਤਾਵੇਜ਼ਾਂ ਵਿੱਚ ਵੀ ਇਸ ਬਾਰੇ ਪੂਰੀ ਜਾਣਕਾਰੀ ਦਿੱਤੀ ਜਾਂਦੀ ਹੈ ਕਿ ਆਪਣੇ ਪਲਾਨ ਪ੍ਰਤੀ ਕਿਸੇ ਵੀ ਕਾਰਨ ਕਰਕੇ ਕੋਈ ਦਾਅਵਾ, ਅਪੀਲ ਜਾਂ ਸ਼ਿਕਾਇਤ ਕਿਵੇਂ ਦਰਜ ਕਰਨੀ ਹੈ। ਆਪਣੇ ਅਧਿਕਾਰਾਂ, ਇਸ ਨੋਟਿਸ ਜਾਂ ਸਹਾਇਤਾ ਬਾਰੇ ਵਧੇਰੇ ਜਾਣਕਾਰੀ ਲਈ, www.dol.gov/ebsa/healthreform ਅਤੇ http://www.cms.gov/CCIIO/Resources/Consumer-Assistance-Grants 'ਤੇ ਜਾਓ।

**ਕੀ ਇਹ ਪਲਾਨ ਘੱਟੋ-ਘੱਟ ਜ਼ਰੂਰੀ ਕਵਰੇਜ (Minimum Essential Coverage) ਪ੍ਰਦਾਨ ਕਰਦਾ ਹੈ?**
**ਲਾਗੂ ਨਹੀਂ ਹੁੰਦਾ।**
ਘੱਟੋ-ਘੱਟ ਜ਼ਰੂਰੀ ਕਵਰੇਜ ਵਿੱਚ ਆਮ ਤੌਰ 'ਤੇ ਮਾਰਕਿਟਪਲੇਸ ਜਾਂ ਹੋਰ ਵਿਅਕਤੀਗਤ ਮਾਰਕੀਟ ਪਾਲਿਸੀਆਂ ਰਾਹੀਂ ਉਪਲਬਧ ਪਲਾਨ, ਹੈਲਥ ਇੰਸ਼ੋਰੈਂਸ ਸਿਹਤ ਬੀਮਾ, Medicare, Medicaid, CHIP, TRICARE, ਅਤੇ ਕੁਝ ਹੋਰ ਕਵਰੇਜ ਸ਼ਾਮਲ ਹੁੰਦੇ ਹਨ। ਜੇ ਤੁਸੀਂ ਘੱਟੋ-ਘੱਟ ਜ਼ਰੂਰੀ ਕਵਰੇਜ ਦੀਆਂ ਕੁਝ ਕਿਸਮਾਂ ਲਈ ਯੋਗ ਹੋ, ਤਾਂ ਹੋ ਸਕਦਾ ਹੈ ਕਿ ਤੁਸੀਂ ਪ੍ਰੀਮੀਅਮ ਟੈਕਸ ਕ੍ਰੈਡਿਟ ਲਈ ਯੋਗ ਨਾ ਹੋਵੋ।

**ਕੀ ਇਹ ਪਲਾਨ ਘੱਟੋ-ਘੱਟ ਮੁੱਲ ਦੇ ਮਾਪਦੰਡਾਂ (Minimum Value Standards) ਨੂੰ ਪੂਰਾ ਕਰਦਾ ਹੈ?**
**ਲਾਗੂ ਨਹੀਂ ਹੁੰਦਾ।**
ਜੇ ਤੁਹਾਡਾ ਪਲਾਨ ਘੱਟੋ-ਘੱਟ ਮੁੱਲ ਦੇ ਮਾਪਦੰਡਾਂ ਨੂੰ ਪੂਰਾ ਨਹੀਂ ਕਰਦਾ ਹੈ, ਤਾਂ ਹੋ ਸਕਦਾ ਹੈ ਕਿ ਤੁਸੀਂ ਮਾਰਕਿਟਪਲੇਸ ਰਾਹੀਂ ਕਿਸੇ ਪਲਾਨ ਲਈ ਭੁਗਤਾਨ ਕਰਨ ਵਿੱਚ ਮਦਦ ਵਾਸਤੇ ਪ੍ਰੀਮੀਅਮ ਟੈਕਸ ਕ੍ਰੈਡਿਟ ਲਈ ਯੋਗ ਹੋਵੋ।